ਸੀਮਾ ਜੈਨ, ਆਈ.ਏ.ਐਸ.
Secretary
ਸਕੱਤਰ

Tele. No.:
ਟੈਲੀਫੋਨ ਨੰ.:

D.O. No. 380
ਅੱਧ ਸ.ਪੱ.ਨੰ.
Government of Punjab
ਪੰਜਾਬ ਸਰਕਾਰ
Department of
ਭਲਾਈ ਵਿਭਾਗ
Chandigarh, the
ਚੰਡੀਗੜ੍ਹ 17/6/14.

ਸਤਿਕਾਰਯੋਗ ਮੈਡਮ ਜੀ,

ਮੈਂ ਆਪ ਜੀ ਦਾ ਧਿਆਨ ਪੋਸਟ-ਮੈਟ੍ਰਿਕ ਸਕਾਲਰਸ਼ਿਪ ਟੂ ਐਸ.ਸੀ.ਸਟੂਡੈਂਟ (ਕੇਂਦਰੀ ਪ੍ਰਾਯੋਜਿਤ) ਸਕੀਮ ਵੱਲ ਦਿਵਾਉਣਾ ਚਾਹੁੰਦੀ ਹਾਂ। ਇਸ ਸਕੀਮ ਤਹਿਤ ਆਪ ਦੇ ਵਿਭਾਗ ਤੋਂ ਪ੍ਰਾਪਤ ਹੋਈਆਂ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀਆਂ ਸੂਚੀਆਂ ਮੁਤਾਬਿਕ ਸ਼ਕਾਲਰਸ਼ਿਪ ਅਤੇ ਫੀਸਾਂ ਦੀ ਸਾਲ 2012-13 ਤੱਕ ਅਦਾਇਗੀ ਕੀਤੀ ਜਾ ਚੁੱਕੀ ਹੈ। ਫੰਡਾਂ ਦੀ ਉਪਲਬਧਤਾ ਦੇ ਮੱਦੇ ਨਜ਼ਰ ਸਾਲ 2013-14 ਦੇ ਸ਼ਕਾਲਰਸ਼ਿਪ ਦੀ ਪੂਰੀ ਰਾਸ਼ੀ ਅਤੇ ਅੱਧੀ ਟਿਊਸ਼ਨ ਫੀਸ਼ ਦੀ ਅਦਾਇਗੀ ਵੀ ਸਬੰਧਤ ਸੰਸਥਾਵਾਂ ਨੂੰ ਕੀਤੀ ਜਾ ਚੁੱਕੀ ਹੈ। ਵਜ਼ੀਫੇ ਲਈ ਯੋਗ ਵਿਦਿਆਰਥੀਆਂ ਦੇ ਕੇਸ ਵਿੱਦਿਅਕ ਅਦਾਰਿਆਂ ਵੱਲੋਂ ਸਬੰਧਤ ਮਹਿਕਮਿਆਂ ਰਾਹੀਂ ਭਲਾਈ ਵਿਭਾਗ ਨੂੰ ਭੇਜੇ ਜਾਂਦੇ ਹਨ ਉਨ੍ਹਾਂ ਦੀ ਸ਼ਕਾਲਰਸ਼ਿਪ ਅਤੇ ਫੀਸ਼ਾਂ ਦੀ ਅਦਾਇਗੀ ਭਾਰਤ ਸਰਕਾਰ ਵੱਲੋਂ ਪ੍ਰਾਪਤ ਹੋਏ ਫੰਡਾਂ ਨਾਲ ਕੀਤੀ ਜਾਣੀ ਹੁੰਦੀ ਹੈ ਅਤੇ ਇਸ ਬਾਰੇ ਸਾਰੇ ਵਿੱਦਿਅਕ ਅਦਾਰਿਆਂ ਨੂੰ ਪੂਰੀ ਜਾਣਕਾਰੀ ਹੈ। ਪਰੰਤੂ ਫਿਰ ਵੀ ਬਹੁਤ ਸਾਰੇ ਵਿਦਿਅਕ ਅਦਾਰਿਆਂ ਦੇ ਅਧਿਕਾਰੀਆਂ ਵੱਲੋਂ ਸਰਕਾਰ ਵੱਲੋਂ ਟਿਊਸ਼ਨ ਫੀਸ਼ਾਂ ਲਈ ਅਦਾਇਗੀ ਵਿੱਚ ਦੇਰੀ ਹੋਣ ਦੀ ਸੂਰਤ ਵਿੱਚ ਵਿਦਿਆਰਥੀਆਂ ਦੇ ਸਰਟੀਫਿਕੇਟ ਜਾਰੀ ਨਹੀ ਕੀਤੇ ਜਾਂਦੇ, ਜਿਸ ਕਾਰਨ ਵਿਦਿਆਰਥੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਸਿੱਟੇ ਵਜੋਂ ਵਿਦਿਆਰਥੀ ਅੱਗੇ ਨਾ ਤਾਂ ਰੋਜ਼ਗਾਰ ਲਈ ਉਪਰਾਲੇ ਕਰ ਸਕਦੇ ਹਨ ਅਤੇ ਨਾ ਹੀ ਉਚੇਰੀ ਸਿੱਖਿਆ ਪ੍ਰਾਪਤ ਕਰ ਸਕਦੇ ਹਨ।

2. ਉਪਰੋਕਤ ਤੋਂ ਇਲਾਵਾ ਕਈ ਵਿਦਿਅਕ ਅਦਾਰਿਆ ਵਲੋਂ ਵਿਦਿਆਰਥੀਆਂ ਨੂੰ ਇਮਤਿਹਾਨ ਵਿੱਚ ਬੈਠਣ ਲਈ ਰੋਲ ਨੰਬਰ ਵੀ ਜਾਰੀ ਨਹੀ ਕੀਤੇ ਜਾਂਦੇ ਜਿਸ ਕਾਰਨ ਵਿਦਿਆਰਥੀਆਂ ਨੂੰ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਉਹ ਇਮਤਿਹਾਨ ਦੀ ਪੂਰੀ ਤਿਆਰੀ ਵੀ ਨਹੀ ਕਰ ਸਕਦੇ। ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਮੱਦੇ-ਨਜ਼ਰ ਰੱਖਦੇ ਹੋਏ ਇਹ ਯਕੀਨੀ ਬਣਾਇਆ ਜਾਵੇ ਕਿ ਜੇਕਰ ਕੋਈ ਵਿੱਦਿਅਕ ਅਦਾਰਾ ਯੋਗ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਪਾਸੋਂ ਦਾਖਲੇ ਵੇਲੇ ਟਿਊਸ਼ਨ ਫੀਸ਼ ਨਹੀ ਲੈਂਦਾਂ ਤਾਂ ਰੋਲ ਨੰਬਰ ਦੇਣ ਵੇਲੇ ਜਾਂ ਸਰਟੀਫਿਕੇਟ ਦੇਣ ਵੇਲੇ ਵਿਦਿਆਰਥੀਆਂ ਨੂੰ ਫੀਸਾਂ ਦੀ ਅਦਾਇਗੀ ਕਰਨ ਲਈ ਮਜ਼ਬੂਰ ਨਾ ਕਰਨ ਅਤੇ ਸਰਟੀਫਿਕੇਟ ਅਤੇ ਰੋਲ ਨੰਬਰ ਸਮੇਂ ਸਿਰ ਜਾਰੀ ਕਰਨਾ ਯਕੀਨੀ ਬਣਾਉਣ।

3. ਮੈਂ ਆਪ ਜੀ ਦੀ ਧੰਨਵਾਦੀ ਹੋਵਾਂਗੀ ਜੇਕਰ ਆਪ ਆਪਣੇ ਅਧੀਨ ਆਉਂਦੇ ਸਮੂਹ ਵਿੱਦਿਅਕ ਅਦਾਰਿਆਂ ਨੂੰ ਇਸ ਸਬੰਧੀ ਹਦਾਇਤਾਂ ਜਾਰੀ ਕਰਨ ਦੀ ਕ੍ਰਿਪਾਲਤਾ ਕਰੋਗੇ।

ਆਦਰ ਸਹਿਤ,

ਹਿਤੂ,

ਸ. ਜੈਨ

(ਸੀਮਾ ਜੈਨ)

ਸ੍ਰੀਮਤੀ ਵਿੰਨੀ ਮਹਾਜਨ,ਆਈ.ਏ.ਐਸ.,
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਡਾਕਟਰੀ ਸਿੱਖਿਆ ਤੇ ਖੋਜ ਵਿਭਾਗ,
ਚੰਡੀਗੜ੍ਹ।

ਸਿਹਤ-3 ਸ਼ਾਖਾ
ਡਾਇਰੀ ਨੰ. E2179
ਮਿਤੀ 24/6/2014

Scanned by CamScanner

ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ

( ਸਿਹਤ - 3 ਸ਼ਾਖਾ )

ਸੇਵਾ ਵਿਖੇ

ਡਾਇਰੈਕਟਰ,
ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ,
ਚੰਡੀਗੜ੍ਹ।

ਮੀਮੋ ਨੰ: 11/5/2013-5ਸਸ3 13974.
ਮਿਤੀ ਚੰਡੀਗੜ੍ਹ: 01-07-2014.

ਵਿਸ਼ਾ: Post Matric Scholarship for SCs and BCs.

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੱਤਰ, ਪੰਜਾਬ ਸਰਕਾਰ, ਭਲਾਈ ਵਿਭਾਗ ਵੱਲੋਂ ਪ੍ਰਾਪਤ ਹੋਏ ਅੱਧ ਸਰਕਾਰੀ ਪੱਤਰ ਨੰ: 380 ਮਿਤੀ 12.06.2014 ਦੀ ਕਾਪੀ ਭੇਜ ਕੇ ਲਿੱਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂ-ਦੀਆਂ ਵਿਦਿਅਕ ਸੰਸਥਾਵਾਂ ਨੂੰ ਹਦਾਇਤ ਕੀਤੀ ਜਾਵੇ ਕਿ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਫੰਡ ਦੇਰੀ ਵਿੱਚ ਮਿਲਣ ਕਰਕੇ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੇ ਰੋਲ ਨੰਬਰ ਅਤੇ ਸਰਟੀਫਿਕੇਟ ਨਾ ਰੋਕੇ ਜਾਣ ਤਾਂ ਜੋ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਮਾਨਸਿਕ ਜਾਂ ਹੋਰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾਂ ਕਰਨਾ ਪਏ। ਲੋੜੀਂਦੀ ਕਾਰਵਾਈ ਕਰਨ ਉਪਰੰਤ ਸਰਕਾਰ ਨੂੰ ਸੂਚਿਤ ਕੀਤਾ ਜਾਵੇ।

ਨੱਥੀ : ਉਪਰੋਕਤ ਅਨੁਸਾਰ

ਸੁਪਰਡੰਟ 27/6/14

ਡਾਇਰੈਕਟੋਰੇਟ ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ

ਪਿਠ ਅੰਕਣ ਨੰ: 9/1/14-6ਐਮ.ਈ.3/ 10758 ਮਿਤੀ ਚੰਡੀਗੜ੍ਹ: 10-7-14

ਉਤਾਰਾ ਇਸ ਵਿਭਾਗ ਵਲੋਂ ਮਾਨਤਾ ਪ੍ਰਾਪਤ ਸਾਰੀਆਂ ਮੈਡੀਕਲ, ਡੈਂਟਲ, ਆਯੂਰਵੈਦਿਕ, ਹੋਮੋਪੈਥਿਕ, ਨਰਸਿੰਗ ਅਤੇ ਪੈਰਾ-ਮੈਡੀਕਲ ਸੰਸਥਾਵਾਂ ਦੇ ਮੁੱਖੀਆਂ ਨੂੰ (ਈ-ਮੇਲ /ਵੈਬਸਾਈਟ ਰਾਹੀਂ) ਇਨ-ਬਿੰਨ ਪਾਲਣਾ ਹਿਤ ਭੇਜਿਆ ਜਾਂਦਾ ਹੈ।

sd/-

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿਠ ਅੰਕਣ ਨੰ: 9/1/14-6ਐਮ.ਈ.3/ ਮਿਤੀ ਚੰਡੀਗੜ੍ਹ:

ਉਤਾਰਾ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ (ਸਿਹਤ- 3 ਸ਼ਾਖਾ), ਚੰਡੀਗੜ੍ਹ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

Scanned by CamScanner